# ਚਾਲੂ ਵਿੱਤੀ ਸਾਲ ਦੌਰਾਨ ਜ਼ਿਲ੍ਹੇ ਦੇ 14,72,058 ਨਾਗਰਿਕਾਂ ਨੂੰ ਮਿਲਿਆ 'ਸੇਵਾ ਦਾ ਅਧਿਕਾਰ ਕਾਨੂੰਨ' ਦਾ ਲਾਭ-ਦਿਲਰਾਜ ਸਿੰਘ

- **'ਸੇਵਾ ਦਾ ਅਧਿਕਾਰ ' ਕਾਨੂੰਨ ਜ਼ਿਲ੍ਹੇ ਦੇ ਲੋਕਾਂ ਲਈ ਹੋ ਰਿਹੈ ਮੱਦਦਗਾਰ ਸਾਬਤ**
- **ਲੋਕਾਂ ਨੂੰ ਤੈਅ ਸਮਾਂ ਸੀਮਾ ਅੰਦਰ ਉਪਲੱਭਧ ਕਰਵਾਈਆਂ ਜਾ ਰਹੀਆਂ ਨੇ ਸਰਕਾਰੀ ਸੇਵਾਵਾਂ**

ਮੋਗਾ 10 ਅਕਤੂਬਰ:

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਯੋਗ ਅਗਵਾਈ ਹੇਠ 'ਸੇਵਾ ਦਾ ਅਧਿਕਾਰ ਕਾਨੂੰਨ ' ਤਹਿਤ ਰਾਜ ਦੇ ਲੋਕਾਂ ਨੂੰ ਤੈਅ ਸਮਾਂ ਸੀਮਾ ਅੰਦਰ ਸਰਕਾਰੀ ਸੇਵਾਵਾਂ ਉਪਲੱਬਧ ਕਰਵਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਕਾਨੂੰਨ ਤਹਿਤ ਇਸ ਚਾਲੂ ਵਿੱਤੀ ਸਾਲ ਦੌਰਾਨ 1 ਅਪ੍ਰੈਲ ਤੋਂ 31 ਅਗਸਤ, 2017 ਤੱਕ ਜ਼ਿਲ੍ਹੇ ਦੇ 14,72,058 ਨਾਗਰਿਕਾਂ ਨੂੰ ਮਿਥੇ ਸਮੇਂ ਅੰਦਰ ਵੱਖ-ਵੱਖ ਸਰਕਾਰੀ ਸੇਵਾਵਾਂ ਉਪਲੱਭਧ ਕਰਵਾਈਆਂ ਗਈਆਂ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ 'ਸੇਵਾ ਦਾ ਅਧਿਕਾਰ ਕਾਨੂੰਨ ' ਤਹਿਤ ਸਰਕਾਰੀ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਲੋਕਾਂ ਲਈ ਇਹ ਕਾਨੂੰਨ ਲਾਭਕਾਰੀ ਸਿੱਧ ਹੋ ਰਿਹਾ ਹੈ ਅਤੇ ਲੋਕਾਂ ਨੂੰ ਆਪਣੇ ਸਰਕਾਰੀ ਕੰਮਾਂ ਲਈ ਪ੍ਰੇਸ਼ਾਨ ਨਹੀਂ ਹੋਣਾ ਪੈਂਦਾ, ਕਿਉਂਕਿ ਕਾਨੂੰਨ ਅਨੁਸਾਰ ਹਰੇਕ ਕੰਮ ਦੇ ਹੋਣ ਦਾ ਸਮਾਂ ਨਿਸਚਿਤ ਹੈ।

ਸ. ਦਿਲਰਾਜ ਸਿੰਘ ਨੇ ਇਸ ਸਬੰਧੀ ਵਿਸਥਾਰ-ਪੂਰਵਿਕ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਅਪ੍ਰੈਲ ਤੋਂ 31 ਅਗਸਤ, 2017 ਤੱਕ 'ਸੇਵਾ ਦਾ ਅਧਿਕਾਰ ਕਾਨੂੰਨ ' ਤਹਿਤ ਕੁੱਲ 14,74,285 ਅਰਜ਼ੀਆਂ ਵੱਖ-ਵੱਖ ਵਿਭਾਗਾਂ ਕੋਲ ਪ੍ਰਾਪਤ ਹੋਈਆਂ ਸਨ, ਜਦ ਕਿ 8,801 ਅਰਜ਼ੀਆਂ ਪਿਛਲੇ ਮਹੀਨੇ ਦੀਆਂ ਬਕਾਇਆ ਸਨ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਕੁੱਲ 14,83,086 ਅਰਜ਼ੀਆਂ ਵਿੱਚੋਂ 14,72,058 ਨਾਗਰਿਕਾਂ ਨੂੰ ਉਨ੍ਹਾਂ ਵੱਲੋਂ ਲਗਾਈ ਗਈ ਅਰਜ਼ੀ ਦਾ ਨਿਪਟਾਰਾ ਕਰਦਿਆਂ ਉਨ੍ਹਾਂ ਨੂੰ ਬਣਦੀ ਸਰਕਾਰੀ ਸੇਵਾ ਸਮੇਂ ਸਿਰ ਉਪਲੱਭਧ ਕਰਵਾ ਦਿੱਤੀ ਗਈ ਅਤੇ ਜੋ 11,028 ਅਰਜ਼ੀਆਂ ਬਕਾਇਆ ਹਨ, ਉਨ੍ਹਾਂ ਵਿੱਚੋਂ ਵੀ ਬਹੁਤ ਸਾਰੀਆਂ ਨਿਰਧਾਰਤ ਸਮਾਂ ਹੱਦ ਦੇ ਅੰਦਰ ਹਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਦੌਰਾਨ 45,671 ਲਾਭਪਾਤਰੀਆਂ ਨੂੰ ਫ਼ਰਦਾਂ ਜਾਰੀ ਕੀਤੀਆਂ ਗਈਆਂ, 1,861 ਡਰਾਈਵਿੰਗ ਲਾਈਸੈਂਸ ਜਾਰੀ ਕੀਤੇ ਗਏ, 8,601 ਵੱਖ-ਵੱਖ ਜਾਤੀ ਸਰਟੀਫੀਕੇਟ ਜਾਰੀ ਕੀਤੇ ਅਤੇ 9,349 ਐਫ.ਆਈ.ਆਰ ਜਾਂ ਡੀ.ਡੀ.ਆਰ ਦੀਆਂ ਨਕਲਾਂ ਜਾਰੀ ਕਰਨ ਵਰਗੀਆਂ ਸੇਵਾਵਾਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਕਾਨੂੰਨ ਤਹਿਤ ਜੇਕਰ ਨਿਰਧਾਰਤ ਸਮਾਂ ਹੱਦ ਤੱਕ ਪ੍ਰਾਰਥੀ ਦਾ ਕੰਮ ਸਰਕਾਰੀ ਦਫ਼ਤਰ ਵੱਲੋਂ ਨਹੀਂ ਕੀਤਾ ਜਾਂਦਾ ਤਾਂ ਪ੍ਰਾਰਥੀ ਇਸ ਸਬੰਧੀ ਅਪੀਲ ਕਰ ਸਕਦਾ ਹੈ ਅਤੇ ਅਣਗਹਿਲੀ ਕਰਨ ਵਾਲੇ ਅਧਿਕਾਰੀ/ਕ੍ਰਮਚਾਰੀ ਨੂੰ ਜੁਰਮਾਨਾ ਵੀ ਹੋ ਸਕਦਾ ਹੈ।

-------------

ਨੰ: ਪੀ.ਆਰ(ਪ੍ਰੈ ਰੀ)2017/564